**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗੁਰਮੀਤ ਸਿੰਘ,
ਮਕਾਨ ਨੰ: ਐਫ 20/337 ਨਹਿਰੂ ਕਲੋਨੀ, ਡਾਕਖਾਨਾ ਵਿਜੈ ਨਗਰ,
ਮਜੀਠਾ ਰੋਡ, ਅੰਮ੍ਰਿਤਸਰ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅੱਧਿਕਾਰੀ,
ਦਫਤਰ ਐਸ.ਐਸ.ਪੀ., ਵਿਜੀਲੈਂਸ ਬਿਊਰੋ, ਅੰਮ੍ਰਿਤਸਰ । ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 4 ਆਫ 2020**

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸਤਨਾਮ ਸਿੰਘ ਏ.ਐਸ.ਆਈ.(9779497100)

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-06-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਐਸ.ਐਸ.ਪੀ., ਵਿਜੀਲੈਂਸ ਬਿਊਰੋ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਕਰੱਪਸ਼ਨ ਕੇਸ ਨੰ: 17/18 ਏ.ਐਸ.ਆਈ.ਸਤਨਾਮ ਸਿੰਘ ਜ਼ੋ ਕਿ 50 ਹਾਜ਼ਰ ਦੀ ਰਿਸਵਤ ਦੇ ਦੋਸ਼ ਵਿਚ ਫੜਿਆ ਗਿਆ ਸੀ ਵਿਰੁੱਧ ਐਫ.ਆਈ.ਆਰ. ਦੀਆਂ ਕਾਪੀਆਂ ਅਤੇ ਉਸਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-12-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 23-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸਤਨਾਮ ਸਿੰਘ ਏ.ਐਸ.ਆਈ. ਹਾਜ਼ਰ ਹੋਇਆ,ਉਸ ਵਲੋਂ ਪੱਤਰ ਨ: 1154/ਵਬ/ਆਰ.ਟੀ.ਆਈ. ਮਿਤੀ 25-2-2020 ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਡਾਕ ਰਾਹੀਂ ਮਿਤੀ 28-2-2020 ਨੂੰ ਪ੍ਰਾਪਤ ਹੋ ਚੁੱਕਾ ਹੈ ਮਿਸਲ ਤੇ ਉਪਲਭਧ ਹੈ।

4. ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ, ਉੱਤਰਦਾਤਾ ਵਲੋਂ ਹਾਜ਼ਰ ਨੁਮਾਇਦੇ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 25-2-2020 ਰਾਹੀਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਪੱਤਰ ਨੰ: 3675/ਆਰ.ਟੀ.ਆਈ. ਮਿਤੀ 01-07-2019 ਰਾਹੀਂ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਦੇ ਨਾਲ ਹੀ ਪੱਤਰ ਮਿਤੀ 17-12-2019 ਨੱਥੀ ਕੀਤਾ ਗਿਆ ਹੈ ਜਿਸ ਅਨੁਸਾਰ ਮੁਕੱਦਮਾ ਦਾ ਚਲਾਣ ਮਿਤੀ 06-1-2019 ਨੂੰ ਅਦਾਲਤ ਵਿਚ ਪੇਸ ਕੀਤਾ ਜਾ ਚੁੱਕਾ ਹੈ। ਇਸ ਤਰ੍ਹਾਂ ਸ਼ਿਕਾਇਤਕਰਤਾ ਵਲੋਂ ਆਰ.ਟੀ.ਆਈ. ਦੀ ਅਰਜੀ ਮਿਤੀ 12-6-2019 ਨੂੰ ਦਾਇਰ ਕੀਤੀ ਗਈ ਸੀ ਜਿਸ ਦਾ ਉੱਤਰ ਉੱਤਰਦਾਤਾ ਵਲੋਂ ਮਿਤੀ 01-07-2019 ਨੂੰ ਭਾਵ 30 ਦਿਨਾਂ ਦੇ ਅੰਦਰ ਅੰਦਰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਲਈ ਇਹ ਸ਼ਿਕਾਇਤ ਕੇਸ ਨਹੀਂ ਬਣਦਾ ਅਤੇ ਇਸ ਤੇ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਕੇਸ ਦਾਖਲ ਦਫਤਰ ਕੀਤਾ** ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 03 ਮਾਰਚ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਐਸ.ਪੀ.ਗੋਇਲ, (0820239110)
2 ਸੀ, ਸਰਾਭਾ ਨਗਰ ਨਵ ਦੁਰਗਾ ਮੰਦਰ ਗੁਰਦਆਰਾ ਰੋਡ, ਲੁਧਿਆਣਾ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਪੰਜਾਬ ਸਮਾਲ ਇੰਡਸਟਰੀਜ ਐਂਡ ਏਕਸਪੋਰਟ ਕਾਰਪੋਰੇਸ਼ਨ, ਲਿ:ਲੁਧਿਆਣਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 16 ਆਫ 2020**

**ਹਾਜ਼ਰ:–**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-09-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਪੰਜਾਬ ਸਮਾਲ ਇੰਡਸਟਰੀਜ ਐਂਡ ਏਕਸਪੋਰਟ ਕਾਰਪੋਰੇਸ਼ਨ, ਲਿ:ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਵੱਖ ਵੱਖ ਪਲਾਟਾਂ ਦਾ ਵੇਰਵਾ ਦੇ ਕੇ ਵਿਭਾਗ ਨੂੰ ਪ੍ਰਾਪਤ ਐਪਲੀਕੇਸ਼ਨਾਂ ਦੀ ਗਿਣਤੀ ਪੁੱਛੀ ਗਈ ਹੈ ਅਤੇ ਇਸ ਨਾਲ ਸਬੰਧਤ 05 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-12-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 23-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਪੱਤਰ ਮਿਤੀ 27-1-2020 ਅਤੇ 27-2-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹਨ ਅਤੇ ਈ.ਮੇਲ. ਮਿਤੀ 29-2-2020 ਰਾਹੀਂ ਵੀ ਭੇਜਿਆ ਗਿਆ ਹੈ, ਰਾਹੀਂ ਬੇਨਤੀ ਕੀਤੀ ਗਈ ਕਿ ਉਸਦੇ 2 ਸ਼ਿਕਾਇਤ ਕੇਸ ਨੰ: 16 ਅਤੇ 34 ਆਫ 2020 ਇਸ ਕਮਿਸ਼ਨ ਪਾਸ ਨਿਜੀ ਸੁਣਵਾਈ ਮਿਤੀ 3-3-2020 ਲਈ ਨਿਸਚਿਤ ਹਨ, ਇਨ੍ਹਾਂ ਵਿਚ ਵੀਡੀਓ ਕਾਨਫਰੰਸ ਰਾਹੀਂ ਡੀ.ਸੀ.ਆਫਿਸ ਵਿਚ ਸੁਣਵਾਈ ਕੀਤੀ ਜਾਵੇ ਕਿਉਂਜੋ ਉਹ ਸੀਨੀਅਰ ਸੀਟੀਜਨ ਹਨ ਅਤੇ ਉਨ੍ਹਾਂ ਦੀ ਸਿਹਤ ਵੀ ਠੀਕ ਨਹੀਂ ਹੈ। ਪੱਤਰ ਮਿਸਲ ਤੇ ਉਪਲਭਧ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਕੋਈ ਹਾਜਰ ਨਹੀਂ ਹੋਇਆ । ਸ਼ਿਕਾਇਤਕਰਤਾ ਵਲੋਂ ਵੀ ਆਪਣੇ ਉਕਤ ਪੱਤਰਾਂ ਅਤੇ ਈ.ਮੇਲ ਰਾਹੀਂ ਬੇਨਤੀ ਕੀਤੀ ਗਈ ਹੈ ਕਿ ਉਹ ਸੀਨੀਅਰ ਸੀਟੀਜਨ ਹੈ ਅਤੇ ਉਨ੍ਹਾਂ ਦੀ ਸਿਹਤ ਵੀ ਠੀਕ ਨਹੀਂ ਇਸ ਲਈ ਉਸਦੀ ਸੁਣਵਈ ਵੀਡੀਓ ਕਾਨਫਰੰਸ ਰਾਹੀਂ ਕੀਤੀ ਜਾਵੇ। ਇਹ ਕੇਸ ਵੀਡੀਓ ਕਾਨਫਰੰਸ ਰਾਹੀਂ ਸੁਲਝਣ ਵਾਲਾ ਨਹੀਂ ਹੈ ਜੇਕਰ ਉਨ੍ਹਾਂ ਦੀ ਸਿਹਤ ਠੀਕ ਨਹੀਂ ਤਾਂ ਉਹ ਕੇਸ ਦੀ ਪੈਰਵੀ ਲਈ ਆਪਣੇ ਨੁਮਾਇੰਦੇ ਨੂੰ ਆਥਾਰਟੀ ਲੈਟਰ ਦੇ ਕੇ ਭੇਜ਼ ਸਕਦੇ ਹਨ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 03 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਨਿਖਿਲ ਸ੍ਰਰਾਫ ਵਕੀਲ 9872632670
ਮਕਾਨ ਨ: 51-52 ਕਾਂਸਲ ਇੰਨਕਲੇਵ ਨੇੜੇ ਕਾਂਸਲ ਪਿੰਡ, ਜ਼ਿਲ੍ਹਾ ਮੁਹਾਲੀ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅੱਧਿਕਾਰੀ,
ਦਫਤਰ ਪੰਜਾਬ ਵਿਜੀਲੈਂਸ ਬਿਊਰੋ, ਮੁਹਾਲੀ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 26 ਆਫ 2020**

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜ਼ੇਸ਼ ਕੁਮਾਰ, ਐਸ.ਆਈ. ਅਤੇ ਸ੍ਰੀ ਸੁਖਜਿੰਦਰ ਸਿੰਘ, ਐਸ.ਆਈ.(9779499584)

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-11-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਪੰਜਾਬ ਵਿਜੀਲੈਂਸ ਬਿਊਰੋ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਪੰਜਾਬ ਵਿਜੀਲੈਂਸ ਬਿਊਰੋ ਪਾਸੋਂ ਪਿਛਲੇ 5 ਸਾਲਾਂ ਵਿਚ ਹਰਿਆਣਾ ਪੁਲਿਸ ਅਫਸਰਾਂ ਵਿਰੁੱਧ ਰਜਿਸਟਰ ਹੋਏ ਕੇਸਾਂ ਨਾਲ ਸਬੰਧਤ 02 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-12-2019 ਰਾਹੀਂ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 23-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਪੱਤਰ ਮਿਤੀ 2-3-2020 ਨੂੰ ਚੀਫ ਰਾਜ ਸੂਚਨਾ ਕਮਿਸਨਰ, ਪੰਜਾਬ ਜੀ ਨੂੰ ਦਿੱਤੀ ਪ੍ਰਤੀ ਬੇਨਤੀ ਜ਼ੋ ਮਿਤੀ 3-3-2020 ਨੂੰ ਪ੍ਰਾਪਤ ਹੋਈ ਅਤੇ ਪੱਤਰ ਮਿਤੀ 3-3-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪ੍ਰਾਪਤ ਹੋਈ। ਦੋਵੇ ਪੱਤਰ ਮਿਸਲ ਤੇ ਉਪਲਭਧ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜ਼ੇਸ਼ ਕੁਮਾਰ, ਐਸ.ਆਈ. ਅਤੇ ਸ੍ਰੀ ਸੁਖਜਿੰਦਰ ਸਿੰਘ, ਐਸ.ਆਈ. ਹਾਜ਼ਰ ਹੋਏ। ਉਨ੍ਹਾਂ ਵਲੋਂ ਪੱਤਰ ਨੰ: 51516/ਵਬ/ਐਸ-14 ਮਿਤੀ 22-11-2019 ਪੇਸ਼ ਕੀਤਾ ਗਿਆ ਜ਼ੋ ਸ਼ਿਕਾਇਤਕਰਤਾ ਨੂੰ ਸਬੋਧਤ ਹੈ ਅਤੇ ਪੱਤਰ ਨੰ: 5570/ਵਬ/ਐਸ-14 ਮਿਤੀ ਮਿਤੀ 07-02-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਕਾਪੀ ਸ਼ਿਕਾਇਤਕਰਤਾ ਅਤੇ ਸੁਪਰਡੰਟ ਕਰਾਈਮ ਨੂੰ ਕੀਤੀ ਗਈ ਹੈ ਜ਼ੋ ਪਹਿਲਾਂ ਹੀ ਡਾਕ ਰਾਹੀਂ ਮਿਤੀ 10-2-2020 ਰਾਹੀਂ ਪ੍ਰਾਪਤ ਹੋ ਚੁੱਕਾ ਹੈ। ਪੱਤਰ ਮਿਸਲ ਤੇ ਉਪਲਭਧ ਹਨ/ਰੱਖ ਲਏ ਗਏ ਹਨ।

4. ਅਪੀਲਕਰਤਾ ਵਲੋਂ ਪੱਤਰ ਮਿਤੀ 2-3-2020 ਜ਼ੋ ਚੀਫ ਰਾਜ ਸੂਚਨਾ ਕਮਿਸਨਰ, ਪੰਜਾਬ ਜੀ ਨੂੰ ਸੰਬੋਧਤ ਹੈ ਰਾਹੀਂ ਇਹ ਸ਼ਿਕਾਇਤ ਕੇਸ ਜ਼ੋ ਇਸ ਬੈਂਚ ਪਾਸ ਮਿਤੀ 03-3-2020 ਨੂੰ ਸੁਣਵਾਈ ਲਈ ਨਿਸਚਿਤ ਹੈ ਕਿਸੇ ਹੋਰ ਬੈਂਚ ਨੂੰ ਟਰਾਂਸਫਰ ਕਰਨ ਲਈ ਬੇਨਤੀ ਕੀਤੀ ਗਈ ਸੀ ਕਿਉਂਜੋ ਸ਼ਿਕਾਇਤਕਰਤਾ ਵਲੋਂ ਪਹਿਲਾਂ ਹੀ ਇਸ ਕਮਿਸ਼ਨਰ ਵਿਰੁੱਧ ਮੁੱਖ ਮੰਤਰੀ ਜੀ ਨੂੰ ਸ਼ਿਕਾਇਤ ਕੀਤੀ ਹੋਈ ਹੈ। ਪਰ ਚੀਫ ਰਾਜ ਸੂਚਨਾ ਕਮਿਸਨਰ, ਪੰਜਾਬ ਜੀ ਵਲੋਂ ਸ਼ਿਕਾਇਤਕਰਤਾ ਦੀ ਇਸ ਪ੍ਰਤੀ ਬੇਨਤੀ ਤੇ ਇਹ ਕੇਸ ਟਰਾਂਸਫਰ ਕਰਨ ਸਬੰਧੀ ਇਸ ਬੈਂਚ ਨੂੰ ਕੋਈ ਆਦੇਸ਼ ਨਹੀਂ ਦਿੱਤੇ ਗਏ। ਇਸ ਤੋਂ ਇਲਾਵਾ ਸ਼ਿਕਾਇਤ ਕਰਤਾ ਵਲੋਂ ਪੱਤਰ ਮਿਤੀ 3-3-2020 ਜ਼ੋ ਇਸ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਵੀ ਇਹ ਕੇਸ ਟਰਾਂਸਫਰ ਕਰਨ ਲਈ ਰਜਿਸਟਰੀ ਸ਼ਾਖਾ ਨੂੰ ਦਿੱਤੀ ਗਈ ਜ਼ੋ ਕਿ ਉਨ੍ਹਾਂ ਵਲੋ ਮਿਤੀ 3-3-2020 ਨੂੰ ਹੀ ਡਾਇਰੀ ਨੰ: 4162 ਮਿਤੀ 3-3-2020 ਰਾਹੀਂ ਇਸ ਕਮਿਸ਼ਨ ਨੂੰ ਕਾਰਵਾਈ ਹਿੱਤ ਭੇਜੀ ਗਈ ਅਤੇ ਇਸ ਪ੍ਰਤੀ ਬੇਨਤੀ ਤੇ ਵੀ ਟਰਾਂਸਫਰ ਕਰਨ ਸਬੰਧੀ ਕੋਈ ਆਦੇਸ਼ ਪ੍ਰਾਪਤ ਨਹੀਂ ਹੋਏ। ਪਰ ਸ਼ਿਕਾਇਤਕਰਤਾ ਅਦਾਲਤ ਵਿਚ ਪੇਸ਼ ਨਹੀਂ ਹੋਇਆ ਅਤੇ ਨਾ ਹੀ ਉਸਦਾ ਕੋਈ ਨੁਮਾਇੰਦਾ ਹਾਜ਼ਰ ਹੋਇਆ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇਦਿਆਂ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 22-11-2019 ਜ਼ੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਤ ਹੈ ਰਾਹੀਂ ਮੰਗੀ ਗਈ ਜਾਣਕਾਰੀ ਸਬੰਧੀ ਸੂਚਨਾ ਦੇ ਦਿਤੀ ਗਈ ਹੈ। ਇਸ ਦੇ ਨਾਲ ਹੀ ਪੇਸ਼ ਕੀਤੇ ਗਏ ਉਕਤ ਪੱਤਰ ਨੰ: 5570/ਵਬ/ਐਸ-14 ਮਿਤੀ ਮਿਤੀ 07-02-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਜਿਸਦੀ ਕਾਪੀ ਸ਼ਿਕਾਇਤਕਰਤਾ ਅਤੇ ਸੁਪਰਡੰਟ ਕਰਾਈਮ ਨੂੰ ਕੀਤੀ ਗਈ ਹੈ ਰਾਹੀਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਵਲੋਂ ਲੋਕ ਸੂਚਨਾ ਅਫਸਰ ਨੂੰ ਮਿਤੀ 08-11-2019 ਨੂੰ

ਪਰਤੋਂ ਜੀ -----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ: 26 ਆਫ 2020**

ਆਰ.ਟੀ.ਆਈ ਐਕਟ 2005 ਤਹਿਤ ਅਰਜੀ ਪਾਈ ਗਈ ਸੀ, ਜਿਸ ਸਬੰਧੀ ਉਨ੍ਹਾਂ ਵਲੋਂ 30 ਦਿਨਾਂ ਦੇ ਅੰਦਰ ਅੰਦਰ ਆਪਣੇ ਪੱਤਰ ਨੱ: 51516/ਵਬ/ਐਸ-14 ਮਿਤੀ 22-11-2019 ਰਾਹੀਂ ਸ਼ਿਕਾਇਤਰਕਾਤਾ ਨੂੰ ਸੂਚਨਾ/ਜਾਣਕਾਰੀ ਦੇ ਦਿੱਤੀ ਗਈ ਸੀ। ਸ਼ਿਕਾਇਤਕਰਤਾ ਵਲੋ ਫਸਟ ਐਪੀਲੈਟ ਅਥਾਰਟੀ ਪਾਸ ਕੋਈ ਅਪੀਲ ਦਾਖਲ ਨਹੀਂ ਕੀਤੀ ਗਈ। ਇਸ ਲਈ ਇਹ ਕੇਸ ਦਾਖਲ ਕਰਨ ਲਈ ਬੇਨਤੀ ਕੀਤੀ ਗਈ।

ਉਪਰੋਕਤ ਦਸੀ ਗਈ ਸਥਿਤੀ ਅਨੁਸਾਰ ਸ਼ਿਕਾਇਤਕਰਤਾ ਵਲੋਂ ਦਿੱਤੀਆਂ ਗਈਆਂ ਦਰਖਾਸਤਾਂ ਮਿਤੀ 2/3-3-2020 ਵਿਚ ਚੀਫ ਰਾਜ ਸੂਚਨਾ ਕਮਿਸ਼ਨ ਜੀ ਵਲੋਂ ਇਹ ਕੇਸ ਟਰਾਂਸਫਰ ਕਰਨ ਸਬੰਧੀ ਕੋਈ ਆਦੇਸ਼ ਪ੍ਰਾਪਤ ਨਹੀਂ ਹੋਏ। ਇਸ ਦੇ ਨਾਲ ਹੀ ਉੱਤਰਦਾਤਾ ਵਲੋਂ ਪੇਸ਼ੀ ਦੋਰਾਨ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਸ਼ਿਕਾਇਤਕਰਤਾ ਵਲੋਂ ਲੋਕ ਸੂਚਨਾ ਅਫਸਰ ਨੂੰ ਮਿਤੀ 08-11-2019 ਨੂੰ ਆਰ.ਟੀ.ਆਈ ਐਕਟ 2005 ਤਹਿਤ ਅਰਜੀ ਪਾਈ ਗਈ ਸੀ, ਜਿਸ ਸਬੰਧੀ ਲੋਕ ਸੂਚਨਾ ਅਫਸਰ ਵਲੋਂ 30 ਦਿਨਾਂ ਦੇ ਅੰਦਰ ਅੰਦਰ ਆਪਣੇ ਪੱਤਰ ਨੱ: 51516/ਵਬ/ਐਸ-14 ਮਿਤੀ 22-11-2019 ਰਾਹੀਂ ਸ਼ਿਕਾਇਤਰਕਾਤਾ ਨੂੰ ਸੂਚਨਾ/ਜਾਣਕਾਰੀ ਦੇ ਦਿੱਤੀ ਗਈ ਸੀ। ਸ਼ਿਕਾਇਤਕਰਤਾ ਵਲੋ ਫਸਟ ਐਪੀਲੈਟ ਅਥਾਰਟੀ ਪਾਸ ਕੋਈ ਅਪੀਲ ਦਾਖਲ ਨਹੀਂ ਕੀਤੀ ਗਈ।ਇਸ ਤਰ੍ਹਾਂ ਕਿਉਂਜੋ ਉੱਤਰਦਾਤਾ (ਲੋਕ ਸੂਚਨਾ ਅਫਸਰ ) ਵਲੋਂ ਸ਼ਿਕਾਇਤਕਰਤਾ ਨੂੰ 30 ਦਿਨਾਂ ਦੇ ਅੰਦਰ ਅੰਦਰ ਸੂਚਨਾ/ਜਾਣਕਾਰੀ ਦੇ ਦਿੱਤੀ ਗਈ ਸੀ। ਉਸਨੂੰ ਪਹਿਲੀ ਐਪੀਲੈਟ ਅਥਾਰਟੀ ਪਾਸ ਅਪੀਲ ਕਰਨੀ ਬਣਦੀ ਸੀ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ, ਇਸ ਲਈ **ਇਹ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 03 ਮਾਰਚ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਐਸ.ਪੀ.ਗੋਇਲ, (0820239110)
2 ਸੀ, ਸਰਾਭਾ ਨਗਰ ਨਵ ਦੂਰਗਾ ਮੰਦਰ ਗੁਰਦਆਰਾ ਰੋਡ, ਲੁਧਿਆਣਾ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅੱਧਿਕਾਰੀ,
ਪੰਜਾਬ ਸਮਾਲ ਇੰਡਸਟਰੀਜ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿ:ਲੁਧਿਆਣਾ। ------ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ: 34 ਆਫ 2020</u>**

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ

**<u>ਹੁੱਕਮ:</u>**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-09-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਪੰਜਾਬ ਸਮਾਲ ਇੰਡਸਟਰੀਜ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿ:ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਲੋਕ ਸੂਚਨਾ ਅਧਿਕਾਰੀ ਤੋਂ ਪਲਾਟ ਨੰ: 49 ਨੂੰ ਫਰੀ ਹੋਲਡ ਕਰਵਾਉਣ ਨਾਲ ਸਬੰਧਤ 05 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-12-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 23-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਪੱਤਰ ਮਿਤੀ 27-1-2020 ਅਤੇ 27-2-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹਨ ਅਤੇ ਈ.ਮੇਲ. ਮਿਤੀ 27-2-2020 ਅਤੇ 29-2-2020 ਰਾਹੀਂ ਬੇਨਤੀ ਕੀਤੀ ਗਈ ਕਿ ਉਸਦੇ 2 ਸ਼ਿਕਾਇਤ ਕੇਸ ਨੰ: 16 ਅਤੇ 34 ਆਫ 2020 ਇਸ ਕਮਿਸ਼ਨ ਪਾਸ ਨਿਜੀ ਸੁਣਵਾਈ ਮਿਤੀ 3-3-2020 ਲਈ ਨਿਸਚਿਤ ਹਨ, ਇਨ੍ਹਾਂ ਵਿਚ ਵੀਡੀਓ ਕਾਨਫਰੰਸ ਰਾਹੀਂ ਡੀ.ਸੀ.ਆਫਿਸ ਵਿਚ ਸੁਣਵਾਈ ਕੀਤੀ ਜਾਵੇ ਕਿਉਂਜੋ ਉਹ ਸੀਨੀਅਰ ਸੀਟੀਜਨ ਹਨ ਅਤੇ ਉਨ੍ਹਾਂ ਦੀ ਸਿਹਤ ਵੀ ਠੀਕ ਨਹੀਂ ਹੈ। ਪੱਤਰ ਮਿਸਲ ਤੇ ਉਪਲਭਧ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਕੋਈ ਹਾਜਰ ਨਹੀਂ ਹੋਇਆ । ਸ਼ਿਕਾਇਤਕਰਤਾ ਵਲੋਂ ਵੀ ਆਪਣੇ ਉਕਤ ਪੱਤਰਾਂ ਅਤੇ ਈ.ਮੇਲ ਰਾਹੀਂ ਬੇਨਤੀ ਕੀਤੀ ਗਈ ਹੈ ਕਿ ਉਹ ਸੀਨੀਅਰ ਸੀਟੀਜਨ ਹੈ ਅਤੇ ਉਨ੍ਹਾਂ ਦੀ ਸਿਹਤ ਵੀ ਠੀਕ ਨਹੀਂ ਇਸ ਲਈ ਉਸਦੀ ਸੁਣਵਈ ਵੀਡੀਓ ਕਾਨਫਰੰਸ ਰਾਹੀਂ ਕੀਤੀ ਜਾਵੇ। ਇਹ ਕੇਸ ਵੀਡੀਓ ਕਾਨਫਰੰਸ ਰਾਹੀਂ ਸੁਲਝਣ ਵਾਲਾ ਨਹੀਂ ਹੈ ਜੇਕਰ ਉਨ੍ਹਾਂ ਦੀ ਸਿਹਤ ਠੀਕ ਨਹੀਂ ਤਾਂ ਉਹ ਕੇਸ ਦੀ ਪੈਰਵੀ ਲਈ ਆਪਣੇ ਨੁਮਾਇੰਦੇ ਨੂੰ ਆਥਾਰਟੀ ਲੈਟਰ ਦੇ ਕੇ ਭੇਜ਼ ਸਕਦੇ ਹਨ। ਇਸ ਹਦਾਇਤ ਨਾਲ ਇਹ ਕੇਸ **<u>ਅਗਲੀ ਸੁਣਵਾਈ ਮਿਤੀ 23-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 03 **ਮਾਰਚ**, 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਵਰੁਨ ਖੰਨਾ, ਮੋ: 93562-42125
ਪਹਿਲੀ ਮੰਜਿਲ, ਨੰ: 13, ਮਹਾਜਨ ਮਾਰਕਿਟ ਗੱਲੀ ਅਚਰਜਨ,
ਨੇੜੇ ਕਾਰਮੋਂ ਡਿਓੜੀ, ਅੰਮ੍ਰਿਤਸਰ ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ ਡਵਿਜ਼ਨਲ ਕਮਿਸ਼ਨਰ ਕਮ ਚੇਅਰਪਰਸਨ,
ਫੀ ਰੈਗੂਲੇਟਰੀ ਕਮੇਟੀ, ਜਲੰਧਰ।

ਪਹਿਲੀ ਅਪੀਲੀ ਅਥਾਰਟੀ ਦਫਤਰ
ਡਵਿਜ਼ਨਲ ਕਮਿਸ਼ਨਰ ਕਮ ਚੇਅਰਪਰਸਨ,ਫੀ ਰੈਗੁਲੇਟਰੀ ਬੋਡੀ ਫਾਰ
ਰੈਗੁਲੇਟਿੰਗ ਫੀ ਆਫ ਅਨਏਡਡ ਐਜੂਕੇਸ਼ਨਸ਼ਨ ਸੰਸਥਾ, ਜਲੰਧਰ ----------- ਉੱਤਰਦਾਤਾ

**ਅਪੀਲ ਕੇਸ ਨੰ: 3733/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਮਿਤੀ 21-01-2020 ਨੂੰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ ਰਾਹੀਂ ਅਤੇ ਪੱਤਰ ਮਿਤੀ 15-01-2020 ਜੋ ਕਮਿਸ਼ਨ ਨੂੰ ਸੰਬੋਧਤ ਸੀ ਰਾਹੀਂ ਬੇਨਤੀ ਕੀਤੀ ਗਈ ਸੀ ਕਿ ਉਸਨੂੰ ਮੰਗੀ ਗਈ ਸੂਚਨਾ ਕਮਿਸ਼ਨ ਦੇ ਹੁਕੱਮਾਂ ਦੇ ਬਾਵਜੂਦ ਅਜੇ ਤੱਕ ਪ੍ਰਾਪਤ ਨਹੀਂ ਹੋਈ ਜਦੋਂ ਕਿ ਕਮਿਸ਼ਨ ਵਲੋਂ ਬਿਨਾ ਕਿਸੇ ਕੋਸਟ ਮੁਫਤ ਸੂਚਨਾ ਮੁਹੱਇਆ ਕਰਨ ਦੇ ਆਦੇਸ਼ ਦਿੱਤੇ ਗਏ ਸਨ। ਇਸ ਦੇ ਨਾਲ ਹੀ ਬੇਨਤੀ ਕੀਤੀ ਗਈ ਕਿ ਉਹ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਮਿਤੀ 21-01-2020 ਨੂੰ ਅਗਲੀ ਮਿਤੀ ਦਿੱਤੀ ਜਾਵੇ ਅਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕੀਤੀ ਜਾਵੇ। ਉੱਤਰਦਾਤਾ ਵਲੋਂ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਪਰ ਉਨ੍ਹਾਂ ਵਲੋਂ ਪੱਤਰ ਪਿੱਠ ਅੰਕਣ ਨੰ: ਪੀ.ਏ./2019/184 ਮਿਤੀ 10-01-2020 ਜੋ ਅਪੀਲਕਰਤਾ ਨੂੰ ਸੰਬੋਧਤ ਸੀ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਸੀ ਅਤੇ ਯਾਦ ਪੱਤਰ ਨੰ: ਪੀ..ਏ./ਆਰ.ਟੀ.ਆਈ./311 ਮਿਤੀ 21-1-2020 ਕ੍ਰਮਵਾਰ ਡਾਕ ਅਤੇ ਈ.ਮੇਲ ਰਾਹੀਂ ਪ੍ਰਾਪਤ ਹੋਏ ਸਨ ਜੋ ਕਮਿਸ਼ਨ ਨੂੰ ਸੰਬੋਧਤ ਸੀ।

2. ਮਿਤੀ 21-01-2020 ਨੂੰ ਪੇਸ਼ੀ ਤੇ ਦੋਨਾਂ ਧਿਰਾਂ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਨ੍ਹਾਂ ਵਲੋਂ ਆਪਣੇ ਆਪਣੇ ਪੱਤਰਾਂ ਰਾਹੀਂ ਅਪੀਲਕਰਤਾ ਵਲੋਂ ਦਸਿਆ ਗਿਆ ਸੀ ਕਿ ਕਮਿਸ਼ਨ ਦੇ ਹੁਕੱਮਾਂ ਉਪਰੰਤ ਵੀ ਸਹੀ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਵੀਡੀਓ ਕਾਂਨਫਰੰਸ ਲਈ ਬੇਨਤੀ ਕੀਤੀ ਗਈ । ਇਹ ਮਾਮਲਾ ਵੀਡੀਓ ਕਾਨਫਰੰਸ ਰਾਹੀਂ ਸੁਲਝਣ ਵਾਲਾ ਨਹੀਂ ਇਸ ਲਈ ਵੀਡੀਓ ਕਾਨਫਰੰਸ ਦੀ ਮੰਗ ਰੱਦ ਕੀਤੀ ਗਈ ਸੀ। ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਪੱਤਰ ਮਿਤੀ 10-01-2020 ਰਾਹੀਂ ਨੁਕਤਾਵਾਰ ਦਸੇ ਅਨੁਸਾਰ 313 ਪੱਤਰਾਂ ਦੀਆਂ ਕਾਪੀਆਂ ਭੇਜ ਦਿੱਤੀਆਂ ਗਈਆਂ ਸਨ। ਪਰ ਅਪੀਲਕਰਤਾ ਅਜੇ ਵੀ ਸੰਤੁਸ਼ਟ ਨਹੀਂ। ਇਸ ਲਈ ਉਨ੍ਹਾਂ ਵਲੋਂ ਪੱਤਰ ਮਿਤੀ 21-01-2020 ਰਾਹੀਂ ਲਿਖਿਆ ਗਿਆ ਸੀ ਕਿ ਪ੍ਰਾਰਥੀ ਕਿਸੇ ਕੰਮ ਵਾਲੇ ਦਿਨ ਦਫਤਰੀ ਸਮੇਂ ਦੋਰਾਨ ਦਫਤਰ ਵਿਖੇ ਆ ਕੇ ਰਿਕਾਰਡ ਵੇਖ ਸਕਦਾ ਹੈ ਤੇ ਜੋ ਵੀ ਦਸਤਾਵੇਜ਼ ਉਸਨੂੰ ਚਾਹੀਦਾ ਹੋਵੇਗਾ ਆਰ.ਟੀ.ਆਈ. ਐਕਟ ਅਧੀਨ ਮੁਹੱਇਆ ਕਰਵਾ ਦਿੱਤਾ ਜਾਵੇਗਾ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਉੱਤਰਦਾਤਾ ਨਾਲ ਸੰਪਰਕ ਕਰਕੇ ਕਿਸੇ ਕੰਮ ਵਾਲੇ ਦਿਨ ਦਫਤਰੀ ਸਮੇਂ ਦੋਰਾਨ ਉਨ੍ਹਾਂ ਦੇ ਦਫਤਰ ਜਾ ਕੇ ਰਿਕਾਰਡ ਵੇਖ ਲਿਆ ਜਾਵੇ ਅਤੇ ਜੋ ਵੀ ਦਸਤਾਵੇਜ਼ ਚਾਹੀਦਾ ਹੋਵੇਗਾ ਉਨ੍ਹਾਂ ਨੂੰ ਦਸਿਆ ਜਾਵੇ ਆਰ.ਟੀ.ਆਈ. ਐਕਟ ਅਧੀਨ ਮੁਹੱਇਆ ਕਰਵਾ ਦਿੱਤਾ ਜਾਵੇਗਾ।ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਕਤ ਅਨੁਸਾਰ ਅਪੀਲਕਰਤਾ ਨੂੰ ਰਿਕਾਰਡ ਵਿਖੇ ਕੇ ਮੰਗਿਆ ਗਿਆ ਰਿਕਾਰਡ/ਜਾਣਕਾਰੀ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਇਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 03-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਦੋਨਾਂ ਧਿਰਾਂ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ ਦੋਨਾਂ ਧਿਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਨਿਸਚਿਤ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ ਅਤੇ ਕੀਤੀ ਗਈ / ਹੋਈ ਕਾਰਵਾਈ ਬਾਰੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 03-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 03 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮੁਖਤਿਆਰ ਸਿੰਘ 9872272019
ਵਾਰਡ ਨੰ: 1 ਮੂਨਕ, ਜ਼ਿਲ੍ਹਾ ਸੰਗਰੂਰ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਸ.ਪੀ. ਸੰਗਰੂਰ

ਪਹਿਲੀ ਅਪੀਲੀ ਅਥਾਰਟੀ,
ਦਫਤਰ ਆਈ.ਜੀ.ਪੀ. ਪਟਿਆਲਾ। ----ਉੱਤਰਦਾਤਾ

**ਅਪੀਲ ਕੇਸ ਨੰ: 270 ਆਫ 2020**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜਾਇਬ ਸਿੰਘ, ਐਸ.ਆਈ.(8054545411)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-02-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਐਸ.ਐਸ.ਪੀ. ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਉਸ ਵਿਰੁੰਧ ਦਰਜ ਮੁਕੱਦਮਾ ਨੰ:98 ਮਿਤੀ 1-10-2018 ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-10-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-01-2020 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜਾਇਬ ਸਿੰਘ, ਐਸ.ਆਈ. ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 16 ਅਪੀਲ ਆਰ.ਟੀ.ਆਈ. ਮਿਤੀ 29-2-2020 ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਪਹਿਲੀ ਅਪੀਲੀ ਅਥਾਰਟੀ ਆਈ.ਜੀ. ਪੁਲਿਸ, ਪਟਿਆਲਾ ਵਲੋਂ ਪੱਤਰ ਨੰ: 3169-70/ਆਰ.ਟੀ.ਆਈ. ਮਿਤੀ 5-2-2020 ਜੋ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਹੈ ਅਤੇ ਅਪੀਲਕਰਤਾ ਦੇ ਨਾਲ ਨਾਲ ਕਮਿਸ਼ਨ ਨੂੰ ਵੀ ਉਤਾਰਾ ਕੀਤਾ ਗਿਆ ਹੈ ਡਾਕ ਰਾਹੀਂ ਪ੍ਰਾਪਤ ਹੋਇਆ ਸੀ ਜੋ ਮਿਸਲ ਤੇ ਉਪਲਬਧ ਹੈ।

4. ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 29-2-2020 ਰਾਹੀਂ ਦਸਿਆ ਗਿਆ ਹੈ ਕਿ ਅਪੀਲਕਰਤਾ ਸ੍ਰੀ ਮੁੱਖਤਿਆਰ ਸਿੰਘ ਵਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਮੁਕੱਦਮੇ ਬਾਰੇ ਰਿਕਾਰਡ ਦੀਆਂ ਨਕਲਾਂ ਦੀ ਮੰਗ ਕੀਤੀ ਗਈ ਹੈ, ਇਸ ਮੁਕੱਦਮੇ ਸਬੰਧੀ ਸਬੰਧਤ ਮੁੱਖ ਅਫਸਰ ਥਾਣਾ ਮੂਣਕ ਦੀ ਰਿਪੋਰਟ ਅਨੁਸਾਰ ਉਕਤ ਮੁਕੱਦਮਾਂ ਜ਼ੇਰੇ ਤਫਤੀਸ਼ ਹੋਣ ਕਾਰਨ ਸੂਚਨਾ ਮੁਹੱਈਆ ਨਹੀਂ ਕੀਤੀ ਜਾ ਸਕਦੀ ਜਿਸ ਸਬੰਧੀ ਪ੍ਰਾਰਥੀ ਮੁੱਖਤਿਆਰ ਸਿੰਘ ਨੂੰ ਸਧਾਰਨ ਡਾਕ ਰਾਹੀ਼ ਕਾਪੀ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਪਹਿਲੀ ਅਪੀਲੀ ਅਥਾਰਟੀ ਵਲੋਂ ਵੀ ਆਪਣੇ ਉਕਤ ਪੱਤਰ ਮਿਤੀ 5-2-2020 ਰਾਹੀਂ ਵੀ ਇਸ ਸਬੰਧੀ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ। ਇਸ ਤਰ੍ਹਾਂ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 03 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਮਜੀਤ ਸਿੰਘ 79866-91327
ਮਕਾਨ ਨੰਬਰ 352, ਗੱਲੀ ਨੰਬਰ 1,
ਵਾਰਡ ਨੰਬਰ 3, ਕੇਹਰ ਸਿੰਘ ਕਲੋਨੀ, ਖੰਨਾ,
ਜ਼ਿਲ੍ਹਾ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਸਟੇਟ ਟਰਾਂਸਪੋਰਟ ਅਥਾਰਟੀ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲ ਕੇਸ ਨੰ: 3706/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਹਰਦਿਆਲ ਸਿੰਘ,( 9877709415)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-12-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਏ. ਪਟਿਆਲਾ ਵਿਖੇ ਵੱਡੀਆਂ ਬੱਸਾਂ ਦੇ ਪਰਮਿਟਧਾਰੀਆ/ਮਾਲਕਾਂ ਨਾਲ ਸਬੰਧਤ 5 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 27-01-2020 ਨੂੰ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਸੀ। ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 03-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਹਰਦਿਆਲ ਸਿੰਘ,ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: ਆਰ.ਟੀ.ਆਈ./ਪੀ.ਟੀ.ਏ./2020 ਮਿਤੀ 3-3-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉੱਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ ਪੇਸ਼ੀ ਦੋਰਾਨ ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਵਲੋਂ ਕਮਿਸ਼ਨ ਨੂੰ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 3-3-2020 ਰਾਹੀ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਤਿਆਰ ਕੀਤੀ ਜਾਣੀ ਹੈ, ਆਰ.ਟੀ.ਆਈ. ਐਕਟ 2005 ਤਹਿਤ ਸੂਚਨਾ ਤਿਆਰ ਕਰਕੇ ਨਹੀਂ ਦਿੱਤੀ ਜਾਣੀ ਇਸ ਤੋਂ ਇਲਾਵਾ ਉਸ ਵਲੋਂ ਸਪੈਸੀਫਿਕ ਸੂਚਨਾ ਨਹੀਂ ਮੰਗੀ ਗਈ, ਫਿਰ ਵੀ ਜੇਕਰ ਉਹ ਉਨ੍ਹਾਂ ਦੇ ਦਫਤਰ ਹਾਜਰ ਹੋ ਕੇ ਇੰਸਪੈਕਸਨ ਕਰਕੇ ਕੋਈ ਸੂਚਨਾ ਲੈਣੀ ਚਾਹੁੰਦਾ ਹੋਵੇ ਲੈ ਸਕਦਾ ਹੈ। ਇਹ ਪੱਤਰ/ਸੂਚਨਾ ਉਤੱਰਦਾਤਾ ਵਲੋਂ ਅਪੀਲਕਰਤਾ ਨੂੰ ਦੇਣ ਲਈ ਵੀ ਲਿਆਂਦੀ ਗਈ ਸੀ, ਪਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ, ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਅਪੀਲਕਰਤਾ ਨੂੰ ਉਸਦੇ ਪਤੇ ਤੇ ਭੇਜਦੇ ਹੋਏ ਕਮਿਸ਼ਨ ਨੂੰ ਰਸੀਦ ਭੇਜਦੇ ਹੋਏ ਸੁਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 3 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਪਰਮਜੀਤ ਸਿੰਘ 79866-91327
ਮਕਾਨ ਨੰਬਰ 352, ਗੱਲੀ ਨੰਬਰ 1,
ਵਾਰਡ ਨੰਬਰ 3, ਕੇਹਰ ਸਿੰਘ ਕਲੋਨੀ, ਖੰਨਾ,ਜ਼ਿਲ੍ਹਾ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ।
ਪਹਿਲੀ ਅਪੀਲੀ ਅਥਾਰਟੀ,
ਦਫਤਰ, ਸਟੇਟ ਟਰਾਂਸਪੋਰਟ ਅਥਾਰਟੀ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲ ਕੇਸ ਨੰ: 3707/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-12-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਏ. ਬਠਿੰਡਾ ਵਿਖੇ ਵੱਡੀਆਂ ਬੱਸਾਂ ਦੇ ਪਰਮਿਟਧਾਰੀਆ/ਮਾਲਕਾਂ ਨਾਲ ਸਬੰਧਤ 5 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 27-01-2020 ਨੂੰ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ। ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 03-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਨ੍ਹਾਂ ਵਲੋਂ ਪੱਤਰ ਨੰ: 4869 ਮਿਤੀ 24-2-2020 ਪ੍ਰਾਪਤ ਹੋਇਆ ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਡਾਕ ਰਾਹੀਂ ਪ੍ਰਾਪਤ ਹੋਇਆ। ਇਸ ਦੇ ਨਾਲ ਹੀ ਈ.ਮੇਲ. ਰਾਹੀਂ ਪੱਤਰ ਨੱ: 4954/ਆਰ.ਟੀ.ਏ./ਬੀ.ਟੀ.ਆਈ. ਮਿਤੀ 3-3-2020 ਪ੍ਰਾਪਤ ਹੋਇਆ ਹੈ ਜ਼ੋ ਕਮਿਸਨ ਨੂੰ ਸੰਬੋਧਤ ਹੈ। ਇਹ ਦੋਵੇਂ ਪੱਤਰ ਮਿਸਲ ਤੇ ਉਪਲਭਧ ਹਨ।

5. ਉੱਤਰਦਾਤਾ ਵਲੋਂ ਪ੍ਰਾਪਤ ਪੱਤਰ ਮਿਤੀ 24-2-2020 ਰਾਹੀਂ ਦਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਨੰ: 3370 ਮਿਤੀ 7-1-2019 ਰਾਹੀਂ ਸੂਚਨਾ/ਜਵਾਬ ਭੇਜਿਆ ਜਾ ਚੁੱਕਾ ਹੈ, ਪੱਤਰ ਦੀ ਕਾਪੀ ਭੇਜੀ ਗਈ ਹੈ। ਇਸ ਦੇ ਨਾਲ ਹੀ ਈ.ਮੇਲ. ਮਿਤੀ 3-3-2020 ਰਾਹੀ ਉਕਤ ਪੱਤਰ ਮਿਤੀ 3-3-2020 ਭੇਜਦੇ ਹੋਏ ਦਸਿਆ ਗਿਆ ਹੈ ਕਿ ਇਸ ਕੇਸ ਵਿਚ ਸ੍ਰੀ ਮੁਨੀਸ਼ ਕੁਮਾਰ, ਪੀ.ਆਈ.ਓ. ਕਮ ਸੈਕਸਨ ਅਫਸਰ ਦੀ ਡਿਊਟੀ ਲਗਾਈ ਗਈ ਸੀ ਪਰ ਉਸਦੀ ਅਚਾਨਕ ਤਬੀਯਤ ਖਰਾਬ ਹੋਣ ਕਾਰਨ ਅਗਲੀ ਮਿਤੀ ਦਿਤੀ ਜਾਵੇ। ਇਸ ਲਈ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 23-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 03 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਮਜੀਤ ਸਿੰਘ 79866-91327
ਮਕਾਨ ਨੰਬਰ 352, ਗੱਲੀ ਨੰਬਰ 1,
ਵਾਰਡ ਨੰਬਰ 3, ਕੇਹਰ ਸਿੰਘ ਕਲੋਨੀ, ਖੰਨਾ, ਜ਼ਿਲ੍ਹਾ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਹੁਸ਼ਿਆਰਪੁਰ।
ਪਹਿਲੀ ਅਪੀਲੀ ਅਥਾਰਟੀ,
ਦਫਤਰ, ਸਟੇਟ ਟਰਾਂਸਪੋਰਟ ਅਥਾਰਟੀ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲ ਕੇਸ ਨੰ: 3708/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਅਮਰੀਕ ਸਿੰਘ ਏ.ਟੀ.ਓ. (9872721309)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-12-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਏ. ਹੁਸ਼ਿਆਰਪੁਰ ਵਿਖੇ ਵੱਡੀਆਂ ਬੱਸਾਂ ਦੇ ਪਰਮਿਟਧਾਰੀਆ/ਮਾਲਕਾਂ ਨਾਲ ਸਬੰਧਤ 5 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 27-01-2020 ਨੂੰ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ। ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 03-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਅਮਰੀਕ ਸਿੰਘ ਏ.ਟੀ.ਓ. ਹਾਜ਼ਰ ਹੋਏ,ਉਸ ਵਲੋਂ ਪੱਤਰ ਨੰ: 2025/ਆਰ.ਟੀ.ਏ.ਹੁਸਿਆਰਪੁਰ ਮਿਤੀ 2-3-2020 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਦੀ ਇਕ ਕਾਪੀ ਕਮਿਸ਼ਨ ਨੂੰ ਵੀ ਪੇਸ਼ੀ ਦੋਰਾਨ ਦਿੱਤੀ ਗਈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਉਕੱਤ ਪੱਤਰ ਮਿਤੀ 2-3-2020 ਰਾਹੀਂ ਨੁੱਕਤਾਵਾਰ ਸੂਚਨਾ ਤਿਆਰ ਕਰ ਕੇ ਅਪੀਲਕਰਤਾ ਨੂੰ ਦੇਣ ਲਈ ਲਿਆਂਦੀ ਗਈ, ਜਿਥੋਂ ਤੱਕ ਸੂਚਨਾ ਲੇਟ ਦੇਣ ਦਾ ਸਬੰਧ ਹੈ, ਇਸ ਸਬੰਧੀ ਉਸ ਵਲੋਂ ਦਸਿਆ ਗਿਆ ਕਿ ਕਮਿਸ਼ਨ ਦਾ ਨੋਟਿਸ ਜਾਣ ਤੇ ਪੱਤਾ ਲਗਾ ਹੈ। ਉੱਤਰਦਾਤਾ ਵਲੋਂ ਲਿਆਂਦੀ ਗਈ ਦਿੱਤੀ ਜਾ ਰਹੀ ਸੂਚਨਾ ਤੋਂ ਕਮਿਸਨ ਸੰਤੁਸ਼ਟ ਹੈ। ਪਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਲਿਆਂਗੀ ਗਈ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਪੋਸਟ ਰਾਹੀਂ ਭੇਜਦੇ ਹੋਏ ਰਸੀਦ ਪੇਸ਼ ਕੀਤੀ ਜਾਵੇ। ਉੱਤਰਦਾਤਾ ਵਲੋਂ ਅੱਜ ਹੀ ਮਿਤੀ 3-3-2020 ਨੂੰ ਅਪੀਲਕਰਤਾ ਨੂੰ ਸੂਚਨਾ ਰਜਿਸਟਰਡ ਪੋਸਟ ਰਾਹੀਂ ਭੇਜਦੇ ਹੋਏ ਰਸੀਦ ਪੇਸ਼ ਕਰ ਦਿੱਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 03 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਮਜੀਤ ਸਿੰਘ 79866-91327
ਮਕਾਨ ਨੰਬਰ 352, ਗੱਲੀ ਨੰਬਰ 1,
ਵਾਰਡ ਨੰਬਰ 3, ਕੇਹਰ ਸਿੰਘ ਕਲੋਨੀ, ਖੰਨਾ, ਜ਼ਿਲ੍ਹਾ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਸਟੇਟ ਟਰਾਂਸਪੋਰਟ ਅਥਾਰਟੀ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲ ਕੇਸ ਨੰ: 3709/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ, (78374 74849)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-12-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ ਵਿਖੇ ਵੱਡੀਆਂ ਬੱਸਾਂ ਦੇ ਪਰਮਿਟਧਾਰੀਆ/ਮਾਲਕਾਂ ਨਾਲ ਸਬੰਧਤ 5 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 03-12-2019 ਨੂੰ ਪੇਸ਼ੀ ਤੇ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਮੇਸ਼ ਕੁਮਾਰ, ਕਲਰਕ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: ਆਰ.ਟੀ.ਏ./ਫਿਰੋਜ਼ਪੁਰ/436 ਮਿਤੀ 30-05-2019 ਪੇਸ਼ ਕੀਤਾ ਗਿਆ। ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਿਆ ਪੱਤਰ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਸੂਚਿਤ ਕੀਤਾ ਗਿਆ ਕਿ ਮੰਗੀ ਗਈ ਸੂਚਨਾ ਫਾਰਮੇਟ ਵਿਚ ਹੈ, ਇਸ ਫਾਰਮੇਟ ਵਿਚ ਸੂਚਨਾ ਤਿਆਰ ਨਹੀਂ ਕੀਤੀ ਜਾਂਦੀ ਕਿਉਂਜੋ ਇਹ ਸੂਚਨਾ ਵਖ ਵੱਖ ਸਾਧਨਾਂ ਤੋਂ ਕਰੀਏਟ ਕੀਤੀ ਜਾਣੀ ਹੈ, ਆਰ.ਟੀ.ਆਈ. ਨਿਯਮਾਂ ਮੁਤਾਬਿਕ ਸੂਚਨਾ ਬਣਾਉਣਾ ਵਰਜਿਤ ਹੈ। ਇਸ ਲਈ ਇਹ ਸੂਚਨਾ ਦੇਣ ਤੋਂ ਇਹ ਦਫਤਰ ਅਸਮਰਥ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ ਵਲੋਂ ਉਸਨੂੰ ਦਿੱਤੀ ਗਈ ਸੂਚਨਾ ਤੇ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸਿੱਧੇ ਤੌਰ ਤੇ ਉਤਰਦਾਤਾ ਨੂੰ ਲਿਖਤੀ ਰੂਪ ਵਿਚ ਦਿੱਤਾ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਉਸਨੂੰ ਸੂਚਿਤ ਕੀਤਾ ਜਾਵੇ ਅਤੇ ਉਤਾਰਾ ਕਮਿਸ਼ਨ ਨੂੰ ਭੇਜਿਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 27-01-2020 ਨੂੰ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ। ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 03-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ, ਹਾਜ਼ਰ ਹੋਇਆ, ਉਸ ਵਲੋਂ ਪਤਰ ਮਿਤੀ 3-3-2020 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਨੂੰ ਪਿਛਲੀ ਮਿਤੀ 03-12-2020 ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ ਵਲੋਂ ਉਸਨੂੰ ਦਿੱਤੀ ਗਈ ਸੂਚਨਾ ਤੇ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸਿੱਧੇ ਤੌਰ ਤੇ ਉਤਰਦਾਤਾ ਨੂੰ ਲਿਖਤੀ ਰੂਪ ਵਿਚ ਦਿੱਤਾ ਜਾਵੇ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3709/2019

ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਉਸਨੂੰ ਸੂਚਿਤ ਕੀਤਾ ਜਾਵੇ ਅਤੇ ਉਤਾਰਾ ਕਮਿਸ਼ਨ ਨੂੰ ਭੇਜਿਆ ਜਾਵੇ।ਉੱਤਰਦਾਤਾ ਵਲੋਂ ਪੇਸ਼ੀ ਦੋਰਾਨ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 3-3-2020 ਰਾਹੀਂ ਸੂਚਿਤ ਕੀਤਾ ਗਿਆ ਕਿ ਅਪੀਲਕਰਤਾ ਵਲੋਂ ਨਾਂ ਤਾਂ ਕੋਈ ਹਾਜ਼ਰ ਹੋਇਆ ਅਤੇ ਨਾਂ ਹੀ ਉਨ੍ਹਾਂ ਨੂੰ ਤਰੁੱਟੀਆਂ ਨੋਟ ਨਹੀਂ ਕਰਵਾਈਆਂ ਗਈਆਂ ਹਨ ਇਸ ਲਈ ਕੇਸ ਬੰਦ ਕਰਨ ਦੀ ਬੇਨਤੀ ਕੀਤੀ ਗਈ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ ਵਲੋਂ ਦਿਤੇ ਗਏ ਉੱਤਰ ਤੇ ਜੇਕਰ ਕੋਈ ਤਰੁੱਟੀਆਂ ਹੋਣ ਬਾਰੇ ਸੂਚਿਤ ਕੀਤਾ ਜਾਵੇ ਪਰ ਉਸ ਵਲੋਂ ਨਾਂ ਤਾਂ ਉੱਤਰਦਾਤਾ ਨੂੰ ਅਤੇ ਨਾਂ ਹੀ ਕਮਿਸ਼ਨ ਨੂੰ ਪ੍ਰਾਪਤ ਹੋਏ ਉੱਤਰ ਤੇ ਤਰੁੱਟੀਆਂ ਸਬੰਧੀ ਕੋਈ ਜਾਣਕਾਰੀ ਦਿੱਤੀ ਗਈ ਅਤੇ ਨਾ ਹੀ ਪੇਸ਼ੀ ਤੇ ਹਾਜ਼ਰ ਹੋਇਆ। ਇਸ ਤਰ੍ਹਾਂ ਸਪਸ਼ੱਟ ਹੈ ਕਿ ਉਹ ਉੱਤਰਦਾਤਾ ਪਾਸੋਂ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ ਇਹ **ਅਪੀਲ ਕੇਸ ਦਾਖਲ ਦਫਤਰ ਕੀਤਾ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 03 ਮਾਰਚ, 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁਨਦਨ ਭਵਨ, 126 ਮੋਡਲ ਗਰਾਂਮ, ਲੁਧਿਆਣਾ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਮ.ਸੀ.ਜੋਨ ਏ ( ਹੈਡ ਕੁਆਰਟਰ)ਮਾਤਾ ਰਾਣੀ ਚੌਕ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,ਦਫਤਰ ਐਮ.ਸੀ.ਲੁਧਿਆਣਾ। ----ਉੱਤਰਦਾਤਾ

**ਅਪੀਲ ਕੇਸ ਨੰ: 3793 ਆਫ 2019**

**ਹਾਜ਼ਰ:**

1. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ (9988251671)।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰੋਹੀਤ ਕੁਮਾਰ ਸੁਪਰਡੰਟ (9872783042)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-6-2019, ਲੋਕ ਸੂਚਨਾ ਅਧਿਕਾਰੀ ਦਫਤਰ ਐਮ.ਸੀ. ਜੋਨ ਏ (ਹੈਡ ਕੁਆਰਟਰ) ਮਾਤਾ ਰਾਣੀ ਚੌਕ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੋਸਾਇਟੀ ਸਿਨੇਮਾ ਦੇ ਨਾਲ ਲਗਦੇ ਗੰਦੇਪਾਣੀ ਦੇ ਨਾਲੇ ਦੀ ਜਮੀਨ ਨੂੰ ਲੀਜ਼ ਤੇ ਦੇਣ ਨਾਲ ਸਬੰਧਤ 10 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਮਿਤੀ 22-08-2019 ਨੂੰ ਦੇ ਦਿੱਤੀ ਗਈ ਪਰ ਉਸ ਨੇ ਮਿਤੀ 11-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 5-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 03-02-2020 ਨੂੰ ਪੇਸ਼ੀ ਤੇ ਅਪੀਲਕਰਤਾ ਵਲੋਂ ਮੈਡਮ ਸੁਖਵਿੰਦਰ ਕੋਰ ਵਕੀਲ ਪੇਸ਼ ਹੋਈ। ਅਪੀਲਕਰਤਾ ਨੇ ਦਸਿਆ ਕਿ ਉੱਤਰਦਾਤਾ ਵਲੋਂ ਦਿਤਾ ਗਿਆ ਉੱਤਰ ਸਹੀਂ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਕਮਿਸ਼ਨ ਵਲੋਂ ਇਸ ਦਾ ਸਖਤ ਨੋਟਿਸ ਲੈਂਦੇ ਹੋਏ ਉੱਤਰਦਾਤਾ (ਲੋਕ ਸੂਚਨਾ ਅਫਸਰ) ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਪੇਸ਼ੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 03-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਮੈਡਮ ਸੁਖਵਿੰਦਰ ਕੋਰ ਵਕੀਲ ਪੇਸ਼ ਹੋਈ ਉਸ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਦਿਤਾ ਗਿਆ ਉੱਤਰ ਸਹੀਂ ਨਹੀਂ ਹੈ ਅਤੇ ਦਿੱਤੀ ਗਈ ਸੂਚਨਾ ਅਧੂਰੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰੋਹੀਤ ਕੁਮਾਰ ਸੁਪਰਡੰਟ ਵਲੋਂ ਅਪੀਲ ਕੇਸ ਨੰ: 3793 ਅਤੇ 3795 ਆਫ 2019 ਵਿਚ ਪੇਸ਼ੀ ਦੋਰਾਨ ਪੱਤਰ ਮਿਤੀ 3-3-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਦੇ ਨੁਮਾਇੰਦੇ ਵਲੋਂ ਉਕਤ ਪੱਤਰ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗ ਗਈ ਸੂਚਨਾ ਪਹਿਲਾਂ ਹੀ ਪੱਤਰ ਨੰ: 386/ਟੀ.ਬੀ.ਐਸ. ਮਿਤੀ 24-12-2019 ਰਾਹੀਂ ਦਿੱਤੀ ਜਾ ਚੁੱਕੀ ਹੈ। ਜਿਸ ਰਾਹੀਂ ਦਸਿਆ ਗਿਆ ਕਿ ਸਾਲ 1956 ਵਿਚ ਸੋਸਾਇਟੀ ਸਿਨੇਮਾ ਦੀ ਲੀਜ਼ ਵਾਲੀ ਜਗ੍ਹਾ ਸ੍ਰੀ ਅਮਰੀਕ ਸਿਘ ਨੂੰ ਲੀਜ ਤੇ ਦਿੱਤੀ ਗਈ ਸੀ, ਇਸ ਸਬੰਧੀ ਕੋਈ ਫਾਈਲ ਉਪਲਬਧ ਨਹੀਂ ਹੈ। ਅਪੀਲਕਰਤਾ ਵਲੋਂ ਉਕਤ ਅਨੁਸਾਰ ਦਿੱਤੀ ਗਈ ਦਲੀਲ ਕਿ ਸੂਚਨਾ ਮੁਕੰਮਲ ਨਹੀਂ ਅਤੇ ਅਧੂਰੀ ਹੈ, ਇਸ ਲਈ ਕਮਿਸ਼ਨ ਵਲੋਂ ਉੱਤਰਦਾਤਾ ਦੇ ਨੁਮਾਇੰਦੇ ਨੂੰ ਹਦਾਇਤ ਕੀਤੀ ਗਈ ਕਿ ਇਸ ਸਬੰਧੀ ਹਲਫਿਆ ਬਿਆਨ ਪੇਸ਼ ਕੀਤਾ ਜਾਵੇ ਕਿ ਜ਼ੋ ਸੂਚਨਾ ਦਿੱਤੀ ਜਾ ਰਹੀ ਹੈ ਉਹ ਸਹੀ ਹੈ ਕੁਝ ਛੁਪਾਇਆ ਨਹੀਂ ਗਿਆ। ਉੱਤਰਦਾਤਾ ਵਲੋ ਮਿਤੀ 3-3-2020 ਨੂੰ ਹੀ ਮੰਗਿਆ ਗਿਆ ਹਲਫਿਆ ਬਿਆਨ ਪੇਸ਼ ਕੀਤਾ ਗਿਆ ਜਿਸਦੀ ਅਸਲ ਕਾਪੀ ਅਪੀਲਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 03 **ਮਾਰਚ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁਨਦਨ ਭਵਨ, 126 ਮੋਡਲ ਗਰਾਂਮ, ਲੁਧਿਆਣਾ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਮ.ਸੀ.ਜੋਨ ਏ ( ਹੈਡ ਕੁਆਰਟਰ)ਮਾਤਾ ਰਾਣੀ ਚੌਕ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,ਦਫਤਰ ਐਮ.ਸੀ.ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ: 3795 ਆਫ 2019**

**ਹਾਜ਼ਰ:**

1. ਅਪੀਲਕਰਤਾ ਮੈਡਮ ਸੁਖਵਿੰਦਰ ਕੋਰ ਵਕੀਲ (9988251671)।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰੋਹੀਤ ਕੁਮਾਰ ਸੁਪਰਡੰਟ (9872783042)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਐਮ.ਸੀ. ਜੋਨ ਏ (ਹੈਡ ਕੁਆਰਟਰ) ਮਾਤਾ ਰਾਣੀ ਚੌਕ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਮ.ਸੀ. ਨੂੰ ਲਿਖੇ ਪੱਤਰ ਨੰ: 35 ਮਿਤੀ 14-06-2019 ਸਬੰਧੀ ਐਕਸਨ ਰਿਪੋਰਟ ਦੀ ਕਾਪੀ ਮੰਗੀ ਗਈ ਹੈ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-8-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 03-02-2020 ਨੂੰ ਪੇਸ਼ੀ ਤੇ ਅਪੀਲਕਰਤਾ ਵਲੋਂ ਮੈਡਮ ਸੁਖਵਿੰਦਰ ਕੋਰ ਵਕੀਲ ਪੇਸ਼ ਹੋਈ। ਅਪੀਲਕਰਤਾ ਨੇ ਦਸਿਆ ਕਿ ਉੱਤਰਦਾਤਾ ਵਲੋਂ ਦਿਤਾ ਗਿਆ ਉੱਤਰ ਸਹੀਂ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ । ਕਮਿਸ਼ਨ ਵਲੋਂ ਇਸ ਦਾ ਸਖਤ ਨੋਟਿਸ ਲੈਂਦੇ ਹੋਏ ਉੱਤਰਦਾਤਾ (ਲੋਕ ਸੂਚਨਾ ਅਫਸਰ) ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਪੇਸ਼ੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 03-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਮੈਡਮ ਸੁਖਵਿੰਦਰ ਕੋਰ ਵਕੀਲ ਪੇਸ਼ ਹੋਈ ਉਸ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਦਿਤਾ ਗਿਆ ਉੱਤਰ ਸਹੀਂ ਨਹੀਂ ਹੈ ਅਤੇ ਦਿੱਤੀ ਗਈ ਸੂਚਨਾ ਅਧੂਰੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰੋਹੀਤ ਕੁਮਾਰ ਸੁਪਰਡੰਟ ਵਲੋਂ ਅਪੀਲ ਕੇਸ ਨੰ: 3793 ਅਤੇ 3795 ਆਫ 2019 ਵਿਚ ਪੇਸ਼ੀ ਦੋਰਾਨ ਪੱਤਰ ਮਿਤੀ 3-3-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਦੇ ਨੁਮਾਇੰਦੇ ਵਲੋਂ ਉਕਤ ਪੱਤਰ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਪਹਿਲਾਂ ਹੀ ਪੱਤਰ ਨੰ: 386/ਟੀ.ਬੀ.ਐਸ. ਮਿਤੀ 24-12-2019 ਰਾਹੀਂ ਦਿੱਤੀ ਜਾ ਚੁੱਕੀ ਹੈ। ਜਿਸ ਰਾਹੀਂ ਦਸਿਆ ਗਿਆ ਕਿ ਸਾਲ 1956 ਵਿਚ ਸੋਸਾਇਟੀ ਸਿਨੇਮਾ ਦੀ ਲੀਜ਼ ਵਾਲੀ ਜਗ੍ਹਾ ਸ੍ਰੀ ਅਮਰੀਕ ਸਿਘ ਨੂੰ ਲੀਜ ਤੇ ਦਿੱਤੀ ਗਈ ਸੀ, ਇਸ ਸਬੰਧੀ ਕੋਈ ਫਾਈਲ ਉਪਲਭਧ ਨਹੀਂ ਹੈ। ਅਪੀਲਕਰਤਾ ਵਲੋਂ ਉਕਤ ਅਨੁਸਾਰ ਦਿੱਤੀ ਗਈ ਦਲੀਲ ਕਿ ਸੂਚਨਾ ਮੁਕੰਮਲ ਨਹੀਂ ਅਤੇ ਅਧੂਰੀ ਹੈ, ਇਸ ਲਈ ਕਮਿਸ਼ਨ ਵਲੋਂ ਉੱਤਰਦਾਤਾ ਦੇ ਨੁਮਾਇੰਦੇ ਨੂੰ ਹਦਾਇਤ ਕੀਤੀ ਗਈ ਕਿ ਇਸ ਸਬੰਧੀ ਹਲਫਿਆ ਬਿਆਨ ਪੇਸ਼ ਕੀਤਾ ਜਾਵੇ ਕਿ ਜ਼ੋ ਸੂਚਨਾ ਦਿੱਤੀ ਜਾ ਰਹੀ ਹੈ ਉਹ ਸਹੀ ਹੈ ਕੁਝ ਛੁਪਾਇਆ ਨਹੀਂ ਗਿਆ। ਉੱਤਰਦਾਤਾ ਵਲੋ ਮਿਤੀ 3-3-2020 ਨੂੰ ਹੀ ਮੰਗਿਆ ਗਿਆ ਹਲਫਿਆ ਬਿਆਨ ਪੇਸ਼ ਕੀਤਾ ਗਿਆ ਜਿਸਦੀ ਅਸਲ ਕਾਪੀ ਅਪੀਲਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 03 **ਮਾਰਚ,** 2020.